# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-09-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਪ੍ਰਵਾਸੀ ਭਾਰਤੀ ਹਮੇਸ਼ਾ ਦੇਸ਼ ਦੇ ਸਭ ਤੋਂ ਮਜ਼ਬੂਤ ਬ੍ਰਾਂਡ ਅੰਬੈਸਡਰ ਰਹੇ ਨੇ। ਪ੍ਰਧਾਨ ਮੰਤਰੀ ਨੇ ਬੀਤੀ ਰਾਤ ਨਿਊਯਾਰਕ ਦੇ ਲੋਂਗ ਆਈਲੈਂਡ ਵਿਖੇ ਨਸਾਓ ਕੋਲੀਜ਼ੀਅਮ ਵਿੱਚ ਇੱਕ ਸਮਾਗਮ ਵਿੱਚ ਭਾਰਤੀ ਭਾਈਚਾਰੇ ਦੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕੀਤਾ।

**Byte-**

ਭਾਰਤ-ਅਮਰੀਕਾ ਦੁਵੱਲੇ ਸਬੰਧਾਂ ਵਿੱਚ ਪ੍ਰਵਾਸੀ ਭਾਰਤੀਆਂ ਦੀ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ, ਵਿਸ਼ਵ ਲਈ, AI ਦਾ ਅਰਥ ਆਰਟੀਫੀਸ਼ੀਅਲ ਇੰਟੈਲੀਜੈਂਸ ਏ, ਪਰ ਉਹ ਮੰਨਦੇ ਨੇ ਕਿ AI ਅਮਰੀਕੀ-ਭਾਰਤੀ ਭਾਵਨਾ ਨੂੰ ਵੀ ਦਰਸਾਉਂਦਾ ਏ ।

**Byte-**

ਪ੍ਰਧਾਨ ਮੰਤਰੀ ਨੇ ਅਮਰੀਕੀ ਰਾਸ਼ਟਰਪਤੀ ਜੋਅ BIDEN ਦਾ ਉਨ੍ਹਾਂ ਦੇ ਘਰ ਮੇਜ਼ਬਾਨੀ ਕਰਨ ਲਈ ਧੰਨਵਾਦ ਪ੍ਰਗਟਾਇਆ ਅਤੇ ਕਿਹਾ ਕਿ ਇਹ 140 ਕਰੋੜ ਭਾਰਤੀਆਂ ਦਾ ਸਨਮਾਨ ਏ । ਸ੍ਰੀ ਮੋਦੀ ਨੇ ਐਲਾਨ ਕੀਤਾ ਏ ਕਿ ਅਮਰੀਕਾ ਵਿੱਚ ਬੋਸਟਨ ਅਤੇ ਲਾਸ ਏਂਜਲਸ ਵਿੱਚ ਦੋ ਨਵੇਂ ਭਾਰਤੀ ਕੌਂਸਲ ਖਾਨੇ ਖੋਲ੍ਹੇ ਜਾਣਗੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਤੜਕੇ ਨਿਊਯਾਰਕ ਵਿੱਚ ਕੁਵੈਤ ਦੇ ਵਲੀ ਅਹਿਦ ਸ਼ਹਿਜ਼ਾਦੇ ਸ਼ੇਖ ਸਬਾਹ ਅਲ-ਖਾਲਿਦ ਅਲ-ਸਬਾਹ ਨਾਲ ਸੰਯੁਕਤ ਰਾਸ਼ਟਰ ਮਹਾਸਭਾ ਦੇ ਸੈਸ਼ਨ ਦੌਰਾਨ ਵਖਰੇ ਤੌਰ ‘ਤੇ ਦੁਵੱਲੀ ਗੱਲਬਾਤ ਕੀਤੀ । ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ ਦੀ ਸਮੀਖਿਆ ਕੀਤੀ ਅਤੇ ਇਤਿਹਾਸਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਲੋਕਾਂ ਦੇ ਮਜ਼ਬੂਤ ਸੰਪਰਕਾਂ 'ਤੇ ਚਰਚਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਨੇਪਾਲ ਦੇ ਆਪਣੇ ਹਮਰੁਤਬਾ ਕੇ.ਪੀ ਸ਼ਰਮਾ ਓਲੀ ਨਾਲ ਵੀ ਗੱਲਬਾਤ ਕੀਤੀ। ਦੋਹਾਂ ਨੇਤਾਵਾਂ ਨੇ ਸਦੀਆਂ ਪੁਰਾਣੀ, ਬਹੁ-ਪੱਖੀ ਅਤੇ ਵਧ ਰਹੀ ਭਾਰਤ-ਨੇਪਾਲ ਭਾਈਵਾਲੀ ਦੇ ਸਾਰੇ ਖੇਤਰਾਂ ਵਿੱਚ

ਸਹਿਯੋਗ ਨੂੰ ਮਜ਼ਬੂਤ ਕਰਨ ਲਈ ਆਪਸੀ ਹਿੱਤਾਂ ਦੇ ਮੁੱਦਿਆਂ 'ਤੇ ਚਰਚਾ ਕੀਤੀ। ਸ੍ਰੀ ਮੋਦੀ ਨੇ ਹੋਲ-ਟੈਕ ਇੰਟਰਨੈਸ਼ਨਲ ਦੇ ਡਾਕਟਰ ਕ੍ਰਿਸ਼ਨ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਭਾਰਤ ਵਿੱਚ ਨਿਰਮਾਣ ਦੇ ਪਸਾਰ ਲਈ ਹੋਲ-ਟੈਕ ਦੀ ਯੋਜਨਾ ਅਤੇ ਖੇਤਰੀ ਪਰਮਾਣੂ ਊਰਜਾ ਵਿੱਚ ਸਹਿਯੋਗ ਨੂੰ ਹੁਲਾਰਾ ਦੇਣ ਦੀ ਸੰਭਾਵਨਾ ਬਾਰੇ ਚਰਚਾ ਕੀਤੀ।

---------------------------------------------------------

ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਨੇ ਅੱਜ 6 ਸਾਲ ਪੂਰੇ ਕਰ ਲਏ ਨੇ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇ ਦਿਨ 2018 ਵਿੱਚ ਝਾਰਖੰਡ ਦੇ ਰਾਂਚੀ ਤੋਂ ਇਸ ਯੋਜਨਾ ਦੀ ਸ਼ੁਰੂਆਤ ਕੀਤੀ ਸੀ । ਇਸ ਯੋਜਨਾ ਦਾ ਉਦੇਸ਼, 12 ਕਰੋੜ 37 ਲੱਖ ਪਰਿਵਾਰਾਂ ਦੇ ਲਗਭਗ 55 ਕਰੋੜ ਲਾਭਪਾਤਰੀਆਂ ਨੂੰ ਸੈਕੰਡਰੀ ਅਤੇ ਤੀਜੇ ਦਰਜੇ ਦੀ ਦੇਖਭਾਲ ਦੇ ਹਸਪਤਾਲ ਵਿੱਚ ਭਰਤੀ ਲਈ ਪ੍ਰਤੀ ਪਰਿਵਾਰ ਪੰਜ ਲੱਖ ਰੁਪਏ ਦਾ ਸਿਹਤ ਕਵਰ ਪ੍ਰਦਾਨ ਕਰਨਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਸਿਹਤ ਮੰਤਰੀ ਜੇ.ਪੀ ਨੱਡਾ ਨੇ ਕਿਹੈ ਕਿ ਪਿਛਲੇ ਛੇ ਸਾਲਾਂ ਵਿੱਚ ਇਸ ਆਸਵੰਦ ਯੋਜਨਾ ਨੇ ਲੱਖਾਂ ਜ਼ਿੰਦਗੀਆਂ ਨੂੰ ਉਮੀਦ,

ਇਲਾਜ ਅਤੇ ਬਹੁਤ ਸਾਰੇ ਮਾਮਲਿਆਂ ਵਿੱਚ, ਜੀਵਨ ਬਚਾਉਣ ਵਾਲਾ ਇਲਾਜ ਪ੍ਰਦਾਨ ਕੀਤਾ ਏ। ਉਨ੍ਹਾਂ ਕਿਹਾ, ਆਯੂਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੀ ਯਾਤਰਾ ਇਸ ਗੱਲ ਦਾ ਪ੍ਰਮਾਣ ਏ ਕਿ ਜਦੋਂ ਕੋਈ ਰਾਸ਼ਟਰ ਆਪਣੇ ਲੋਕਾਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਬਿਹਤਰ ਬਣਾਉਣ ਦੇ ਸਾਂਝੇ ਟੀਚੇ ਨਾਲ ਇਕੱਠੇ ਹੁੰਦਾ ਏ ਤਾਂ ਕੀ ਪ੍ਰਾਪਤ ਕੀਤਾ ਜਾ ਸਕਦਾ ਏ। ਸ਼੍ਰੀ ਨੱਡਾ ਨੇ ਕਿਹੈ ਕਿ ਇਹ ਸਾਰੇ ਨਾਗਰਿਕਾਂ, ਖਾਸ ਤੌਰ 'ਤੇ ਸਭ ਤੋਂ ਕਮਜ਼ੋਰ ਲੋਕਾਂ ਲਈ ਬਰਾਬਰ ਸਿਹਤ ਸੰਭਾਲ ਪਹੁੰਚ ਪ੍ਰਦਾਨ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ ।

------------------------------------------------------

ਬਰਨਾਲਾ ਤੋਂ BJP ਦੇ ਹਲਕਾ ਇੰਚਾਰਜ ਧੀਰਜ ਦੱਦਾਹੂਰ ਦੀ ਅਗਵਾਈ ਹੇਠ ਇਕ ਵਫ਼ਦ ਨੇ ਰੇਲਵੇ ਮੰਗਾਂ ਨੂੰ ਲੈ ਕੇ, ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਨਵੀਂ ਦਿੱਲੀ ਵਿਖੇ ਮੁਲਾਕਾਤ ਕੀਤੀ। ਧੀਰਜ ਦੱਦਾਹੂਰ ਨੇ ਦੱਸਿਆ ਕਿ ਜ਼ਿਲ੍ਹਾ ਹੈੱਡਕੁਆਰਟਰ ਹੋਣ ਦੇ ਨਾਲ-ਨਾਲ ਬਰਨਾਲਾ ਵਿਚ ਕਈ ਉਦਯੋਗ ਸਥਾਪਿਤ ਨੇ, ਜਿਨ੍ਹਾਂ ਵਿਚ ਕੰਮ ਕਰਨ

ਲਈ ਉੱਤਰ ਪ੍ਰਦੇਸ਼ ਅਤੇ ਬਿਹਾਰ ਤੋਂ ਪ੍ਰਵਾਸੀ ਮਜ਼ਦੂਰ ਇੱਥੇ ਆਉਂਦੇ ਨੇ। ਇਸ ਨੂੰ ਧਿਆਨ ਵਿਚ ਰੱਖਦੇ ਹੋਏ ਵੱਧ ਤੋਂ ਵੱਧ ਮੁਸਾਫ਼ਰ ਰੇਲ ਗੱਡੀਆਂ ਚਲਾਉਣੀਆਂ ਜ਼ਰੂਰੀ ਨੇ। ਉਨ੍ਹਾਂ ਕਿਹਾ ਕਿ ਆਰ.ਬੀ.ਆਰ. ਸੈਕਸ਼ਨ 'ਤੇ ਡਬਲਿੰਗ ਦਾ ਕੰਮ ਲਗਭਗ ਪੂਰਾ ਹੋ ਚੁੱਕਾ ਏ। ਉਨ੍ਹਾਂ ਮੰਤਰੀ ਤੋਂ ਮੰਗ ਕੀਤੀ ਕਿ ਫ਼ਿਰੋਜ਼ਪੁਰ-ਪਟਨਾ ਸਪੈਸ਼ਲ ਐਕਸਪ੍ਰੈਸ ਦਾ ਸਟਾਪੇਜ ਬਰਨਾਲਾ ਵਿਖੇ ਕੀਤਾ ਜਾਵੇ। ਰੇਲ ਰਾਜ ਮੰਤਰੀ ਨੇ ਉਨ੍ਹਾਂ ਨੂੰ ਸਾਰੀਆਂ ਮੰਗਾਂ 'ਤੇ ਜਲਦ ਹੀ ਵਿਚਾਰ ਕਰਨ ਦਾ ਭਰੋਸਾ ਦਿੱਤਾ ਏ।

--------------------------------------------------

ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਨੇ ਤਰਨਤਾਰਨ ਵਿਖੇ ਕੱਕਾ ਕੰਡਿਆਲਾ ਰੇਲਵੇ ਲਾਈਨ ਏ -25 ’ਤੇ ਚਾਰ ਮਾਰਗੀ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਵਿਧਾਇਕ ਡਾ ਕਸ਼ਮੀਰ ਸਿੰਘ ਸੋਹਲ ਵੀ ਮੌਜੂਦ ਰਹੇ। ਬਿਜਲੀ ਮੰਤਰੀ ਨੇ ਦੱਸਿਆ ਕਿ ਇਤਿਹਾਸਕ ਨਗਰੀ ਤਰਨ ਤਰਨ ਵਿਖੇ ਲੱਖਾਂ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੇ ਨੇ ਪਰ ਟਰੈਫਿਕ ਸਮੱਸਿਆ ਕਾਰਨ ਉਹਨਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ

ਕਰਨਾ ਪੈਂਦਾ ਸੀ। ਉਹਨਾਂ ਕਿਹਾ ਕਿ ਰੇਲਵੇ ਓਵਰ ਬ੍ਰਿਜ ਬਣਨ ਤੇ ਤਕਰੀਬਨ 70 ਕਰੋੜ ਰੁਪਏ ਦਾ ਖਰਚਾ ਆਵੇਗਾ ਅਤੇ ਬ੍ਰਿਜ 770 ਮੀਟਰ ਲੰਬਾ ਤੇ 5.5 ਮੀਟਰ ਚੌੜਾ ਹੋਵੇਗਾ। ਮੰਤਰੀ ਨੇ ਦੱਸਿਆ ਕਿ ਤਕਰੀਬਨ ਡੇਢ ਸਾਲ ਦੇ ਅੰਦਰ-ਅੰਦਰ ਓਵਰਬ੍ਰਿਜ ਦਾ ਕੰਮ ਖਤਮ ਕਰ ਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੂਸਰੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਿਆਈ ਦਿਵਸ ਨੂੰ ਗੁਰਮੁਖੀ ਦਿਵਸ ਵਜੋਂ ਮਨਾਉਂਦਿਆ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ । ਇਨ੍ਹਾਂ ਮੁਕਾਬਲਿਆਂ ਵਿੱਚ ਗੁਰਬਾਣੀ ਕੀਰਤਨ ਤੋਂ ਇਲਾਵਾ ਗੁਰਮੁਖੀ ਦੀ ਸੁੰਦਰ ਲਿਖਾਈ ਤੇ ਭਾਸ਼ਣ ਦੇ ਮੁਕਾਬਲੇ ਹੋਏ, ਜਿਸ ਵਿਚ ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ । ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ ।